ਸ਼੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਮਨਾਇਆ ਗਿਆ ਵਣ ਮਹਾਉਤਸਵ ਅਤੇ ਲਗਾਏ ਗਏ ਕਰੀਬ 600 ਬੂਟੇ




ਸ਼੍ਰੀ ਮੁਕਤਸਰ ਸਾਹਿਬ (                    ) ਸ਼੍ਰੀ ਗੌਰਵ ਯਾਦਵ ਆਈ.ਪੀ.ਐਸ., ਡੀ.ਜੀ.ਪੀ. ਪੰਜਾਬ, ਸ਼੍ਰੀਮਤੀ ਗੁਰਪ੍ਰੀਤ ਕੌਰ ਦਿਉ, ਆਈ.ਪੀ.ਐਸ, ਸਪੈਸ਼ਲ ਡੀ.ਜੀ.ਪੀ. ਕਮਿਊਨਟੀ ਅਫੇਅਰਸ ਡਵੀਜਨ ਐਂਡ ਵੂਮੈਨ ਅਫੇਅਰਸ, ਪੰਜਾਬ, ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ., ਇੰਸਪੈਕਟਰ ਜਨਰਲ ਪੁਲਿਸ, ਫਰੀਦਕੋਟ ਰੇਂਜ, ਫਰੀਦਕੋਟ ਦੀਆਂ ਹਦਾਇਤਾਂ ਅਨੁਸਾਰ ਸ਼੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ., ਐਸ.ਐਸ.ਪੀ, ਸ਼੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਵਣ ਮਹਾਉਤਸਵ ਪਰ ਜਿਲ੍ਹਾ ਦੇ ਥਾਣਿਆਂ, ਚੌਕੀਆਂ, ਪੁਲਿਸ ਲਈਨ ਸ਼੍ਰੀ ਮੁਕਤਸਰ ਸਾਹਿਬ ਅਤੇ ਪੁਲਿਸ ਦਫਤਰਾਂ ਦੇ ਅਹਾਤੇ ਅੰਦਰ ਭਾਰੀ ਗਿਣਤੀ ਵਿੱਚ ਵੱਖ-ਵੱਖ ਕਿਸਮਾਂ ਦੇ ਬੂਟੇ ਲਗਵਾਉਣ ਦੀ ਸ਼ੁਰੂਆਤ ਖੁਦ ਬੂਟੇ ਲਗਾ ਕੇ ਕੀਤੀ। ਇਸ ਮੌਕੇ ਸ਼੍ਰੀ ਕੰਵਲਪ੍ਰੀਤ ਸਿੰਘ ਚਾਹਲ, ਪੀ.ਪੀ.ਐਸ., ਕਪਤਾਨ ਪੁਲਿਸ (ਸ), ਸ਼੍ਰੀ ਮੁਕਤਸਰ ਸਾਹਿਬ, ਸ਼੍ਰੀ ਅਮਨਦੀਪ ਸਿੰਘ ਪੀ.ਪੀ.ਐਸ. ਉਪ ਕਪਤਾਨ ਪੁਲਿਸ (ਸ)ਸ਼੍ਰੀ ਮੁਕਤਸਰ ਸਾਹਿਬ, ਸ.ਜਸਪਾਲ ਸਿੰਘ ਡੀ.ਐਸ.ਪੀ (ਡੀ), ਸ਼੍ਰੀ ਅੰਮ੍ਰਿਤਪਾਲ ਸਿੰਘ ਡੀ.ਐਫ.ਓ, ਸ਼੍ਰੀ ਮੁਕਤਸਰ ਸਾਹਿਬ ਅਤੇ ਹੋਰ ਪੁਲਿਸ ਅਧਿਕਾਰੀ/ਕਰਮਚਾਰੀ ਹਾਜਰ ਸਨ।